ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ---ਪੰਜਾਬ ਸਰਕਾਰ ਨੇ ਕੁਲੈਕਟਰ ਰੇਟ ਘਟਾਏ--

- **ਸ਼ਹਿਰੀ ਖੇਤਰਾਂ ਵਿੱਚ 5 ਫ਼ੀਸਦੀ ਤੇ ਪੇਂਡੂ ਖੇਤਰਾਂ 'ਚ 10 ਫ਼ੀਸਦੀ ਤੱਕ ਕਟੌਤੀ-ਡਿਪਟੀ ਕਮਿਸ਼ਨਰ ਦਿਲਰਾਜ ਸਿੰਘ**
- **ਜ਼ਿਲ੍ਹੇ ਵਿੱਚ ਕਟੌਤੀ ਸਬੰਧੀ ਇਹ ਤਬਦੀਲੀ ਤੁਰੰਤ ਪ੍ਰਭਾਵ 7 ਸਤੰਬਰ ਤੋਂ ਲਾਗੂ**

ਮੋਗਾ 7 ਸਤੰਬਰ:

ਪੰਜਾਬ ਸਰਕਾਰ ਦੇ ਮਾਲ ਤੇ ਮੁੜ ਵਸੇਬਾ ਵਿਭਾਗ ਵੱਲੋਂ ਰਾਜ ਵਿੱਚ ਕੁਲੈਕਟਰ ਰੇਟ ਘਟਾ ਦਿੱਤੇ ਗਏ ਹਨ, ਜਿਸ ਤਹਿਤ ਸ਼ਹਿਰੀ ਖੇਤਰਾਂ ਵਿੱਚ 5 ਫ਼ੀਸਦੀ ਅਤੇ ਪੇਂਡੂ ਖੇਤਰਾਂ ਵਿੱਚ 10 ਫ਼ੀਸਦੀ ਤੱਕ ਕੁਲੈਕਟਰ ਰੇਟਾਂ ਵਿੱਚ ਕਟੌਤੀ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਮੋਗਾ ਸ. ਦਿਲਰਾਜ ਸਿੰਘ ਆਈ.ਏ.ਐਸ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਲ ਤੇ ਮੁੜ ਵਸੇਬਾ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਕੁਲੈਕਟਰ ਰੇਟਾਂ ਵਿੱਚ ਕਟੌਤੀ ਸਬੰਧੀ ਇਹ ਤਬਦੀਲੀ ਤੁਰੰਤ ਪ੍ਰਭਾਵ ਤੋਂ ਲਾਗੂ ਕਰਨ ਲਈ ਆਖਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਇੰਨ੍ਹਾਂ ਹਦਾਇਤਾਂ ਦੇ ਮੱਦੇਨਜ਼ਰ ਅੱਜ ਮਿਤੀ 7 ਸਤੰਬਰ ਤੋਂ ਜ਼ਿਲ੍ਹੇ ਵਿੱਚ ਸ਼ਹਿਰੀ ਖੇਤਰਾਂ ਦੀ ਜਾਇਦਾਦ ਦੀ ਰਜਿਸਟਰੀ ਮੌਜੂਦਾ ਕੁਲੈਕਟਰ ਰੇਟਾਂ ਨਾਲੋਂ 5 ਫ਼ੀਸਦੀ ਘੱਟ 'ਤੇ ਅਤੇ ਪੇਂਡੂ ਖੇਤਰਾਂ ਦੀ ਜਾਇਦਾਦ ਦੀ ਰਜਿਸਟਰੀ ਮੌਜੂਦਾ ਕੁਲੈਕਟਰ ਰੇਟਾਂ ਤੋਂ 10 ਫ਼ੀਸਦੀ ਤੱਕ ਘੱਟ 'ਤੇ ਕੀਤੀਆਂ ਜਾਣਗੀਆਂ। ਉਨ੍ਹਾਂ ਨੇ ਜ਼ਿਲ੍ਹੇ ਦੇ ਸਮੂਹ ਮਾਲ ਅਫ਼ਸਰਾਂ ਨੂੰ ਘਟੇ ਹੋਏ ਕੁਲੈਕਟਰ ਰੇਟਾਂ ਨੂੰ ਤੁਰੰਤ ਪ੍ਰਭਾਵ ਤੋਂ ਲਾਗੂ ਕਰਨ ਲਈ ਕਿਹਾ ਗਿਆ ਹੈ। -------------------

ਨੰ: ਪੀ.ਆਰ(ਪ੍ਰੈ ਰੀ)2017/487